# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-01-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਉੱਤਰਾਖੰਡ ਦੇ ਦੇਹਰਾਦੂਨ ਦੇ ਮਹਾਰਾਣਾ ਪ੍ਰਤਾਪ ਸਟੇਡੀਅਮ ਵਿੱਚ 38ਵੀਆਂ ਰਾਸ਼ਟਰੀ ਖੇਡਾਂ ਦਾ ਉਦਘਾਟਨ ਕਰਨਗੇ। ਉਦਘਾਟਨੀ ਸਮਾਗਮ ਲਈ ਕੇਂਦਰੀ ਮੰਤਰੀ, ਭਾਰਤੀ ਓਲੰਪਿਕ ਸੰਘ ਅਤੇ ਰਾਸ਼ਟਰੀ ਖਿਡਾਰੀਆਂ ਸਮੇਤ ਵੱਖ-ਵੱਖ ਮਹਿਮਾਨਾਂ ਨੇ ਪਹੁੰਚਣਾ ਸ਼ੁਰੂ ਕਰ ਦਿੱਤਾ ਏ। ਅੱਜ ਤੋਂ ਸ਼ੁਰੂ ਹੋਣ ਵਾਲੀਆਂ ਖੇਡਾਂ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ। ਇਹ ਮੈਚ 14 ਫਰਵਰੀ ਤੱਕ ਖੇਡੇ ਜਾਣਗੇ। ਸੂਬੇ ਦੇ 8 ਜ਼ਿਲ੍ਹਿਆਂ ਦੇ 11 ਸ਼ਹਿਰਾਂ ਵਿੱਚ ਰਾਸ਼ਟਰੀ ਖੇਡਾਂ ਆਯੋਜਿਤ ਕਰਨ ਦੀ ਤਜਵੀਜ਼ ਏ। ਉੱਤਰਾਖੰਡ ਵਿੱਚ 35 ਖੇਡਾਂ ਵਿੱਚ ਕੁੱਲ 47 ਮੁਕਾਬਲੇ ਕਰਵਾਏ ਜਾਣਗੇ। ਖੇਡਾਂ ਵਿੱਚ ਹਿੱਸਾ ਲੈਣ ਲਈ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਖਿਡਾਰੀ ਅਤੇ ਮਹਿਮਾਨ ਆ ਰਹੇ ਨੇ। ਇਸ ਦੌਰਾਨ ਕੌਮੀ ਖੇਡਾਂ ਦੇ ਰਸਮੀ ਉਦਘਾਟਨ ਤੋਂ ਪਹਿਲਾਂ, 26 ਜਨਵਰੀ ਨੂੰ ਊਧਮ ਸਿੰਘ ਨਗਰ ਦੇ ਗੋਲਾਪੁਰ ਵਿਖੇ ਟ੍ਰਾਈ-ਥਲੋਨ ਮੁਕਾਬਲਾ ਕਰਵਾਇਆ ਗਿਆ।

ਮਣੀਪੁਰ ਅਤੇ ਮਹਾਰਾਸ਼ਟਰ ਨੇ ਆਪਣਾ ਪਹਿਲਾ ਤਮਗਾ  ਜਿੱਤਿਆ।

---------------------------------------------------------------------

ਦੇਸ਼ ਅੱਜ ਲਾਲਾ ਲਾਜਪਤ ਰਾਏ ਨੂੰ ਉਨ੍ਹਾਂ ਦੀ 160ਵੀਂ ਜਯੰਤੀ 'ਤੇ ਯਾਦ ਕਰ ਰਿਹਾ ਏ। ਮਹਾਨ ਸੁਤੰਤਰਤਾ ਸੈਨਾਨੀ ਅਤੇ ਸਵਦੇਸ਼ੀ ਅੰਦੋਲਨ ਦੇ ਝੰਡਾ-ਬਰਦਾਰ, ਲਾਲਾ ਲਾਜਪਤ ਰਾਏ ਇੱਕ ਸਰਕਾਰੀ ਸਕੂਲ ਦੇ ਅਧਿਆਪਕ ਮੁਨਸ਼ੀ ਰਾਧਾ ਕ੍ਰਿਸ਼ਨ ਅਤੇ ਮਾਤਾ ਸ਼੍ਰੀਮਤੀ ਗੁਲਾਬ ਦੇਵੀ ਦੇ ਘਰ ਅੱਜ ਦੇ ਦਿਨ 1865 ਵਿੱਚ, ਬਰਤਾਨਵੀ ਭਾਰਤ ਦੇ ਪੰਜਾਬ ਸੂਬੇ ਦੇ ਉਸ ਸਮੇਂ ਫਰੀਦਕੋਟ ਜ਼ਿਲ੍ਹੇ ਦੇ ਪਿੰਡ ਢੁੱਡੀਕੇ ਵਿਖੇ, ਜੋ ਹੁਣ ਮੋਗਾ ਜ਼ਿਲ੍ਹੇ ਵਿੱਚ ਏ, 'ਚ ਪੈਦਾ ਹੋਏ। ਉਨ੍ਹਾਂ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਵਿੱਚ ਅਹਿਮ ਭੂਮਿਕਾ ਨਿਭਾਈ।ਪੰਜਾਬ ਕੇਸਰੀ ਵਜੋਂ ਜਾਣੇ ਜਾਂਦੇ ਲਾਲਾ ਲਾਜਪਤ ਰਾਏ ਦੀ, ਪੁਲਿਸ ਵਲੋਂ ਕੀਤੇ ਲਾਠੀਚਾਰਜ ਦੌਰਾਨ ਸਿਰ ਵਿਚ ਗੰਭੀਰ ਸੱਟ ਲੱਗਣ ਕਾਰਨ ਅਕਤੂਬਰ,1928 ਵਿਚ ਮੌਤ ਹੋ ਗਈ ਸੀ । ਪੁਲਿਸ ਨੇ ਉਸ ਸਮੇਂ ਲਾਠੀਚਾਰਜ ਕੀਤਾ, ਜਦੋਂ ਉਹ, ਸਾਈਮਨ ਕਮਿਸ਼ਨ ਖਿਲਾਫ ਸ਼ਾਂਤਮਈ ਰੋਸ ਮਾਰਚ ਦੀ ਅਗਵਾਈ ਕਰ ਰਹੇ ਸਨ।

---------------------------------------------------------------------

ਬੀਤੇ ਦਿਨੀ ਅੰਮ੍ਰਿਤਸਰ ਵਿੱਚ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਦੇ ਬੁੱਤ ਦੀ ਭੰਨ ਤੋੜ ਦੇ ਰੋਸ ਵਜੋਂ ਅੱਜ ਪੰਜਾਬ ਦੇ ਕਈ ਸ਼ਹਿਰਾਂ ਵਿੱਚ ਬੰਦ ਰੱਖਿਆ ਗਿਆ ਏ । ਵੱਖ-ਵੱਖ ਜਥੇਬੰਦੀਆਂ ਨੇ ਜਲੰਧਰ ਲੁਧਿਆਣਾ

ਹੁਸ਼ਿਆਰਪੁਰ ਨਵਾਂ ਸ਼ਹਿਰ ਸਮੇਤ ਕੁਝ ਹੋਰ ਸ਼ਹਿਰਾਂ ਵਿੱਚ ਵੀ ਬੰਦ ਦਾ ਸੱਦਾ ਦਿੱਤਾ ਸੀ, ਜਿਸ ਦੀ ਮਾਰਕੀਟ ਕਮੇਟੀਆਂ ਅਤੇ ਹੋਰਨਾਂ ਵੱਲੋਂ ਹਿਮਾਇਤ ਕੀਤੀ ਗਈ। ਇਹ ਬੰਦ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਰਹੇਗਾ, ਹਾਲਾਂਕਿ ਮੈਡੀਕਲ ਸਹੂਲਤਾਂ ਜਾਰੀ ਨੇ। ਬੰਦ ਦੌਰਾਨ ਕੋਈ ਅਣਸੁਖਾਵੀ ਘਟਨਾ ਨਾ ਵਾਪਰੇ, ਇਸ ਲਈ ਪੁਲਿਸ ਬੰਦੋਬਸਤ ਕੀਤੇ ਗਏ ਨੇ, ਜਲੰਧਰ ਪੁਲਿਸ ਸੂਤਰਾਂ ਨੇ ਦੱਸਿਆ ਕਿ ਇਹ ਬੰਦ ਸ਼ਾਂਤਮਈ ਏ

--------------------------------------------------------

ਓਧਰ ਬੀ.ਜੇ.ਪੀ ਦੇ ਸੀਨੀਅਰ ਨੇਤਾ ਸੰਬਿਤ ਪਾਤਰਾ ਨੇ ਇਲਜ਼ਾਮ ਲਾਇਆ ਏ ਕਿ, ਪੰਜਾਬ ਦੇ ਅੰਮ੍ਰਿਤਸਰ ਵਿੱਚ, ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕੀਤੀ ਗਈ ਏ । ਉਨ੍ਹਾਂ ਨੇ ਇਸ ਨੂੰ ਸ਼ਰਮਨਾਕ ਦੱਸਦਿਆਂ ਕਿਹਾ ਕਿ, ਇਹ ਘਟਨਾ ਸੂਬੇ ਦੀ ਮੌਜੂਦਾ ਕਾਨੂੰਨ ਵਿਵਸਥਾ ਨੂੰ ਦਰਸਾਉਂਦੀ ਏ। ਸ੍ਰੀ ਪਾਤਰਾ ਨੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਵੀ ਮੁਆਫ਼ੀ ਮੰਗਣ ਲਈ ਕਿਹਾ ਏ।

--------------------------------------------------------

ਇਸੇ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ, ਕਿ ਅੰਮ੍ਰਿਤਸਰ ਦੇ ਹੈਰੀਟੇਜ ਸਟ੍ਰੀਟ ਵਿਖੇ ਭਾਰਤ ਰਤਨ, ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਦੇ ਬੁੱਤ ਨੂੰ ਨੁਕਸਾਨ ਪਹੁੰਚਾਉਣ

ਵਾਲਿਆਂ ਨੂੰ ਸਜ਼ਾ ਦਿੱਤੀ ਜਾਵੇਗੀ। ਇਸ ਨੂੰ ਮੰਦਭਾਗਾ ਅਤੇ ਦੁਖਦਾਈ ਕਰਾਰ ਦਿੰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਬਾਬਾ ਸਾਹਿਬ ਅੰਬੇਡਕਰ ਦਾ ਸਨਮਾਨ ਕਰਨ ਵਾਲੇ ਹਰ ਵਿਅਕਤੀ ਨੂੰ ਠੇਸ ਪਹੁੰਚੀ ਏ। ਲੋਕਾਂ ਨੂੰ ਸੰਜਮ ਵਰਤਣ ਦੀ ਅਪੀਲ ਕਰਦਿਆਂ, ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਬਦਮਾਸ਼ਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਸੂਬੇ ਵਿੱਚ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਲੋਕਾਂ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਦੇਣ ਦੀ ਅਪੀਲ ਕੀਤੀ। ਸਾਡੇ ਪੱਤਰਕਾਰ ਨੇ ਦੱਸਿਆ ਕਿ ਉਸ ਵਿਅਕਤੀ ਨੂੰ ਘਟਨਾ ਤੋਂ ਤੁਰੰਤ ਬਾਅਦ, ਅੰਮ੍ਰਿਤਸਰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਸੀ।

---------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ: ਬਲਬੀਰ ਸਿੰਘ ਨੇ ਸੂਬੇ ਭਰ ਦੇ ਸਾਰੇ ਮੈਡੀਕਲ ਕਾਲਜਾਂ, ਸਿਵਲ ਹਸਪਤਾਲਾਂ, ਸਬ-ਡਵੀਜ਼ਨਲ ਹਸਪਤਾਲਾਂ ਅਤੇ ਬਲਾਕ ਪੱਧਰੀ ਹਸਪਤਾਲਾਂ ਦੀ ਬਿਜਲੀ ਸਪਲਾਈ ਅਤੇ ਫਾਇਰ ਸੇਫਟੀ ਆਡਿਟ ਦੇ ਹੁਕਮ ਦਿੱਤੇ ਨੇ। ਇਹ ਫੈਸਲਾ ਬੀਤੇ ਸ਼ੁੱਕਰਵਾਰ ਨੂੰ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਦੇ ਇੱਕ ਆਪ੍ਰੇਸ਼ਨ ਥੀਏਟਰ ਵਿੱਚ ਅਚਾਨਕ ਬਿਜਲੀ ਦਾ ਕਟ ਲੱਗਣ ਕਾਰਨ ਲਿਆ ਗਿਆ ਏ, ਜਦੋਂ ਇੱਕ

ਮਰੀਜ਼ ਦਾ ਅਪਰੇਸ਼ਨ ਹੋ ਰਿਹਾ ਸੀ। ਡਾਕਟਰ ਬਲਬੀਰ ਨੇ ਉਸ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਸਨ। ਇਸ ਦੌਰਾਨ, ਇੱਕ ਉੱਚ ਪੱਧਰੀ ਮੀਟਿੰਗ ਨੂੰ ਸੰਬੋਧਨ ਕਰਦਿਆਂ, ਸਿਹਤ ਮੰਤਰੀ ਨੇ ਹਦਾਇਤ ਕੀਤੀ ਕਿ ਸਾਰੀਆਂ ਗੰਭੀਰ ਦੇਖਭਾਲ ਯੂਨਿਟਾਂ ਵਿੱਚ ਪੂਰੀ ਤਰ੍ਹਾਂ ਕੰਮ ਕਰਨ ਵਾਲੇ ਜਨਰੇਟਰ ਸੈੱਟ ਤੋਂ ਇਲਾਵਾ ਯੂ.ਪੀ.ਐਸ. ਅਧਾਰਤ ਪਾਵਰ ਬੈਕਅਪ ਹੋਣਾ ਚਾਹੀਦਾ ਏ। ਬਿਜਲੀ ਬੰਦ ਹੋਣ ਦੀ ਸਥਿਤੀ ਵਿੱਚ ਤੁਰੰਤ ਜਵਾਬ ਦੇਣ ਨੂੰ ਯਕੀਨੀ ਬਣਾਉਣ ਲਈ, ਸਬੰਧਤ ਸਾਰੇ ਮੈਂਬਰਾਂ ਦਾ ਇੱਕ ਵਟਸਐਪ ਗਰੁੱਪ ਬਣਾਉਣ ਲਈ ਵੀ ਹਦਾਇਤਾਂ ਦਿੱਤੀਆਂ ਗਈਆਂ ਨੇ। ਖਾਸ ਤੌਰ 'ਤੇ, ਸਾਰੀਆਂ ਨਾਜ਼ੁਕ ਦੇਖਭਾਲ ਯੂਨਿਟਾਂ 'ਤੇ ਅੱਗ ਬੁਝਾਊ ਯੰਤਰਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਫਾਇਰ ਸੇਫਟੀ ਆਡਿਟ ਦਾ ਵੀ ਹੁਕਮ ਦਿੱਤਾ ਗਿਆ ਏ।

---

ਫਤਹਿਗੜ੍ਹ ਸਾਹਿਬ ਦੇ ਨੇੜੇ ਸਰਹਿੰਦ ਸਥਿਤ ਦੀਵਾਨ ਟੋਡਰ ਮੱਲ ਦੀ 17ਵੀਂ ਸਦੀ ਦੀ ਇਤਿਹਾਸਕ ਜਹਾਜ਼ ਹਵੇਲੀ ਦੀ ਮੁੜ ਬਹਾਲੀ ਅਤੇ ਸਾਂਭਣ ਲਈ ਯਤਨ ਜਾਰੀ ਨੇ। ਸਿੱਖ ਇਤਿਹਾਸ ਵਿੱਚ ਦੀਵਾਨ ਟੋਡਰ ਮੱਲ ਦਾ ਬਹੁਤ ਸਤਿਕਾਰ ਕੀਤਾ ਜਾਂਦਾ ਏ। ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕੱਲ੍ਹ ਇੱਕ ਉੱਚ-ਪੱਧਰੀ ਮੀਟਿੰਗ ਕੀਤੀ, ਜਿਸ ਵਿੱਚ ਫੈਸਲਾ ਕੀਤਾ

ਗਿਆ ਕਿ ਇੱਕ ਕਮੇਟੀ 30 ਜਨਵਰੀ ਨੂੰ ਹਵੇਲੀ ਦਾ ਦੌਰਾ ਕਰਕੇ, ਇਸ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲੈ ਕੇ ਰਿਪੋਰਟ ਦੇਵੇਗੀ। ਉਨ੍ਹਾਂ ਕਿਹਾ ਕਿ ਇੱਕ ਵਾਰ 8 ਮਾਹਿਰਾਂ ਦੀ ਇੱਕ ਕਮੇਟੀ ਇਸ ਦੀ ਬਹਾਲੀ ਲਈ ਸਹਿਮਤੀ ਦੇ ਦੇਵੇਗੀ ਤੇ ਕੰਮ ਤੁਰੰਤ ਸ਼ੁਰੂ ਹੋ ਜਾਵੇਗਾ। ਸਿੱਖ ਇਤਿਹਾਸ ਵਿਚ, ਦੀਵਾਨ ਟੋਡਰ ਮੱਲ ਨੂੰ 10ਵੇਂ ਗੁਰੂ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ, ਅਤੇ ਉਨ੍ਹਾਂ ਦੇ ਮਾਤਾ ਗੁਜਰੀ ਜੀ ਦੇ ਸਸਕਾਰ ਲਈ ਉਸ ਸਮੇਂ ਦੇ 'ਸਰਹਿੰਦ ਦੇ ਗਵਰਨਰ' ਵਜ਼ੀਰ ਖਾਨ ਤੋਂ ਬਹੁਤ ਜ਼ਿਆਦਾ ਕੀਮਤ 'ਤੇ ਜ਼ਮੀਨ ਦਾ ਇਕ ਛੋਟਾ ਜਿਹਾ ਟੁਕੜਾ ਖਰੀਦਣ ਲਈ ਯਾਦ ਕੀਤਾ ਜਾਂਦਾ ਏ ।